# ਡਾਇਰੈਕਟਰ ਜਨਰਲ ਸਕੂਲ ਸਿੱਖਿਆ-ਕਮ-ਸਟੇਟ ਪ੍ਰੋਜੈਕਟ ਡਾਇਰੈਕਟਰ
## ਐਸ.ਸੀ.ਓ. ਨੰ: 104-106, ਦੂਜੀ ਮੰਜਿਲ, ਸੈਕਟਰ 34-ਏ, ਚੰਡੀਗੜ੍ਹ

ਵੱਲ

1. ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ/ਐ.ਸਿੱ), ਪੰਜਾਬ।
2. ਸਮੂਹ ਸਰਕਾਰੀ ਮਿਡਲ/ਹਾਈ/ਸੀਨੀ. ਸੈਕੰਡਰੀ ਸਕੂਲਾਂ ਦੇ ਮੁੱਖੀਆਂ (ਵੈਬਸਾਈਟ ਰਾਹੀਂ)

ਮੀਮੋ ਨੰ: ਡਿ.ਐਸ.ਪੀ.ਡੀ/ਆਰ.ਐਮ.ਐਸ.ਏ/**R**053713
ਮਿਤੀ, ਚੰਡੀਗੜ੍ਹ : 25-08-10

ਵਿਸ਼ਾ : ਸਕੂਲ ਮੁੱਖੀਆਂ ਦੀ ਸਾਲਾਨਾ ਗੁਪਤ ਰਿਪੋਰਟ ਲਿਖਣ ਸੰਬੰਧੀ।

1.0 ਉਕਤ ਵਿਸ਼ੇ ਸੰਬੰਧੀ ਇਸ ਦਫ਼ਤਰ ਦੇ ਧਿਆਨ ਵਿੱਚ ਲਿਆਂਦਾ ਗਿਆ ਹੈ ਕਿ ਕਿਸੇ ਬੋਰਡ ਜਮਾਤ ਦੇ ਰੀ-ਅਪੀਅਰ/ਕੰਪਾਰਟਮੈਂਟ ਵਾਲੇ ਪ੍ਰੀਖਿਆਰਥੀ ਦਾ ਨਤੀਜਾ ਸਕੂਲ ਮੁੱਖੀ ਦੀ ਪਾਸ ਪ੍ਰਤੀਸ਼ਤਤਾ ਵਿੱਚ ਜੋੜੇ ਜਾਂ ਨਾ ਜੋੜੇ ਜਾਣ ਸੰਬੰਧੀ ਕੋਈ ਸਪੱਸ਼ਟ ਹਦਾਇਤਾਂ ਫੀਲਡ ਵਿੱਚ ਨਹੀਂ ਹਨ।

2.0 ਇਸ ਲਈ ਇਸ ਪੱਤਰ ਰਾਹੀਂ ਸਪੱਸ਼ਟ ਕੀਤਾ ਜਾਂਦਾ ਹੈ ਕਿ ਜੇ ਕਿਸੇ ਵਿਦਿਆਰਥੀ ਦੀ ਕਿਸੇ ਵਿਸ਼ੇ ਵਿੱਚ ਰੀ-ਅਪੀਅਰ/ਕੰਪਾਰਟਮੈਂਟ ਆਉਂਦੀ ਹੈ, ਪ੍ਰੰਤੂ ਉਹ ਵਿਦਿਆਰਥੀ ਬਾਕੀ ਵਿਸ਼ਿਆਂ ਵਿੱਚ ਪਾਸ ਹੈ ਤਾਂ ਇਹ ਸੰਬੰਧਤ ਵਿਸ਼ਾ ਅਧਿਆਪਕ ਦੀ ਜ਼ਿੰਮੇਵਾਰੀ ਬਣਦੀ ਹੈ।ਇਸ ਲਈ ਵਿਸ਼ਾ ਅਧਿਆਪਕ ਦੇ ਨਤੀਜੇ ਦੀ ਪਾਸ ਪ੍ਰਤੀਸ਼ਤਤਾ ਵਿੱਚ ਰੀ-ਅਪੀਅਰ/ਕੰਪਾਰਟਮੈਂਟ ਦਾ ਨਤੀਜਾ ਨਹੀਂ ਜੋੜਿਆ ਜਾਂਦਾ।ਇਹ ਵੀ ਸਪੱਸ਼ਟ ਕੀਤਾ ਜਾਂਦਾ ਹੈ ਕਿ ਰੀ-ਅਪੀਅਰ/ਕੰਪਾਰਟਮੈਂਟ ਵਾਲੇ ਪ੍ਰੀਖਿਆਰਥੀ ਬਾਕੀ ਸਾਰੇ ਵਿਸ਼ਿਆਂ ਵਿਚੋਂ ਪਾਸ ਹੁੰਦੇ ਹਨ, ਇਸ ਲਈ ਸਕੂਲ ਮੁੱਖੀਆਂ ਦੀ ਸਾਲਾਨਾ ਗੁਪਤ ਰਿਪੋਰਟ ਲਿਖਦੇ ਹੋਏ ਨਤੀਜੇ ਦੀ ਪਾਸ ਪ੍ਰਤੀਸ਼ਤਤਾ ਵਿੱਚ ਰੀ-ਅਪੀਅਰ/ਕੰਪਾਰਟਮੈਂਟ ਵਾਲੇ ਪ੍ਰੀਖਿਆਰਥੀਆਂ ਦਾ ਨਤੀਜਾ ਜੋੜਿਆ ਜਾਵੇ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ
ਪੰਜਾਬ, ਚੰਡੀਗੜ੍ਹ